# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

(*Punjabi Bhasha Pasaar Bhaichara*)


ਸੰਦਰਭ.. ਮੀਮੋ ਨੰ:ਪ.ਭ.ਪ.ਭ./31 ਮਿਤੀ... 12.11.2018

ਸੇਵਾ ਵਿਖੇ

ਮਾਣਯੋਗ ਮੁੱਖ ਮੰਤਰੀ,

ਪੰਜਾਬ। cmo@punjab.gov.in

ਵਿਸ਼ਾ: 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਅਤੇ ਡਾਇਰੈਕਟਰ ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੇ ਹੁਕਮ ਮਿਤੀ 26.03.2018 ਦੀ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਤੋਂ ਸਖਤੀ ਨਾਲ ਪਾਲਣਾ ਕਰਵਾ ਕੇ ਪੰਜਾਬ ਦੇ ਸਮੂਹ ਸਕੂਲਾਂ ਵਿਚ ਪੰਜਾਬੀ ਭਾਸ਼ਾ ਦੀ 10ਵੀਂ ਤੱਕ ਦੀ ਪੜ੍ਹਾਈ ਨੂੰ ਯਕੀਨੀ ਬਣਾਉਣ ਅਤੇ ਪ੍ਰਾਈਵੇਟ ਸਕੂਲਾਂ ਵੱਲੋਂ ਵਿਦਿਆਰਥੀਆਂ ਤੇ ਲਾਈ ਜਾਂਦੀ ਪਾਬੰਦੀ ਨੂੰ ਹਟਾਏ ਜਾਣ ਸਬੰਧੀ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਪੱਤਰ ਨੰ:ਪ.ਭ.ਪ.ਭ./24 ਮਿਤੀ:20.10.2018 ਨੂੰ **ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.) ਨੂੰ ਲਿਖੇ ਪੱਤਰ ਵੱਲ ਸਬੰਧਤ ਅਧਿਕਾਰੀਆਂ ਵੱਲੋਂ ਧਿਆਨ ਨਾ ਦੇਣ**

ਅਤੇ

ਹੁਣ ਸਬੰਧਤ ਅਧਿਕਾਰੀਆਂ ਨੂੰ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਅਤੇ ਹੁਕਮ ਮਿਤੀ 26.03.2018 ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਹੁਕਮ ਕਰਨ ਸਬੰਧੀ ਬੇਨਤੀ।

ਸ੍ਰੀ ਮਾਨ ਜੀ,

ਬੜੀ ਹੀ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ:

1. ਪੰਜਾਬ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਪੱਤਰ ਨੰ:ਪ.ਭ.ਪ.ਭ./24 ਮਿਤੀ:20.10.2018 ਰਾਹੀਂ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.) ਨੂੰ ਬੇਨਤੀ ਕੀਤੀ ਗਈ ਸੀ ਕਿ ਉਹ 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਅਤੇ ਡਾਇਰੈਕਟਰ ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੇ ਹੁਕਮ ਮਿਤੀ 26.03.2018 ਦੀ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਰਾਹੀਂ ਸਖਤੀ ਨਾਲ ਪਾਲਣਾ ਕਰਵਾਏ ਅਤੇ ਪੰਜਾਬ ਦੇ ਸਮੂਹ ਸਕੂਲਾਂ ਵਿਚ ਪੰਜਾਬੀ ਭਾਸ਼ਾ ਦੀ 10ਵੀਂ ਤੱਕ ਦੀ ਪੜ੍ਹਾਈ ਨੂੰ ਯਕੀਨੀ ਬਣਾਏ। ਅਤੇ ਪ੍ਰਾਈਵੇਟ ਸਕੂਲਾਂ ਵੱਲੋਂ ਵਿਦਿਆਰਥੀਆਂ ਤੇ ਪੰਜਾਬੀ ਬੋਲਣ ਤੇ ਲਾਈ ਜਾਂਦੀ ਪਾਬੰਦੀ ਨੂੰ ਹਟਵਾਏ।
2. ਇਸ ਪੱਤਰ ਦੇ ਉਤਾਰੇ ਮਾਣਯੋਗ ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਭੇਜੇ ਗਏ ਸੀ।
3. ਇਸ ਪੱਤਰ ਨੂੰ ਲਿਖਿਆਂ 20 ਦਿਨ ਬੀਤ ਚੁੱਕੇ ਹਨ। ਇਸ ਪੱਤਰ ਤੇ ਕੀਤੀ ਗਈ ਕਾਰਵਾਈ ਬਾਰੇ ਅੱਜ ਤੱਕ ਨਾ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.) ਅਤੇ ਨਾ ਕਿਸੇ ਹੋਰ ਉੱਚ ਅਧਿਕਾਰੀ ਨੇ ਭਾਈਚਾਰੇ ਨੂੰ ਜਾਣੂ ਨਹੀਂ ਕਰਵਾਇਆ।

---

ਸੰਪਰਕ/Contact : punjabibpbhaichara@gmail.com

ਸੰਦਰਭ..                                                                 ਮਿਤੀ...

੪. ਇਹ ਮਾਮਲਾ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਵਿਕਾਸ ਨਾਲ ਸਬੰਧਤ ਹੋਣ ਕਾਰਨ। ਦੁਨੀਆ ਵਿਚ ਵੱਸਦੇ ਹਰ ਪੰਜਾਬੀ ਨਾਲ ਸਬੰਧਤ ਅਤੇ ਮਹੱਤਵਪੂਰਨ ਹੈ।

5. ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਲਈ ਇਹ ਮਾਮਲਾ ਮੁੜ ਆਪ ਜੀ ਦੇ ਧਿਆਨ ਵਿਚ ਲਿਆ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਤੁਸੀਂ ਆਪ ਇਸ ਮਾਮਲੇ ਵਿਚ ਦਖਲ ਦੇਵੋ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰੋ ਕਿ ਉਹ 'ਪੰਜਾਬ ਲਰਨਿੰਗ ਆਫ ਪੰਜਾਬੀ ਐਂਡ ਅਦਰ ਲੈਂਗੁਏਜਜ਼ ਐਕਟ 2008' ਦੀਆਂ ਵਿਵਸਥਾਵਾਂ ਤੇ ਅਮਲ ਯਕੀਨੀ ਬਣਾਏ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦਾ ਹਿਤੂ

ਐਡਵੋਕੇਟ ਮਿੱਤਰ ਸੈਨ ਮੀਤ
ਸਹਾਇਕ ਸੰਚਾਲਕ(ਕਾਨੂੰਨ)

<u>ਨੱਥੀ:</u> ਪੱਤਰ ਮਿਤੀ 20.10.2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
2. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   sk.sandhu87@ias.gov.in , pshe@punjab.gov.in;
3. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   vk.meena97@ias.gov.in
4. ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿੱ.) ਪੰਜਾਬ, dpisepunjab@yahoo.co.in ਚੰਡੀਗੜ੍ਹ।

# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

(Punjabi Bhasha Pasaar Bhaichara)


ਨੰ:ਪ.ਭ.ਪ.ਭ./24 ਮਿਤੀ:20.10.2018

ਵੱਲ

ਡਾਇਰੈਕਟਰ,
ਸਿੱਖਿਆ ਵਿਭਾਗ (ਸੈ.ਸਿੱ.) ਪੰਜਾਬ, dpisepunjab@yahoo.co.in
ਚੰਡੀਗੜ੍ਹ।

ਵਿਸ਼ਾ: 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਅਤੇ ਆਪ ਜੀ ਵੱਲੋਂ ਜਾਰੀ ਕੀਤੇ ਹੁਕਮ ਮਿਤੀ 26.03.2018 ਦੀ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਤੋਂ ਸਖਤੀ ਨਾਲ ਪਾਲਣਾ ਕਰਵਾ ਕੇ ਪੰਜਾਬ ਦੇ ਸਮੂਹ ਸਕੂਲਾਂ ਵਿਚ ਪੰਜਾਬੀ ਭਾਸ਼ਾ ਦੀ 10ਵੀਂ ਤੱਕ ਦੀ ਪੜ੍ਹਾਈ ਨੂੰ ਯਕੀਨੀ ਬਣਾਉਣ ਅਤੇ ਪ੍ਰਾਈਵੇਟ ਸਕੂਲਾਂ ਵੱਲੋਂ ਵਿਦਿਆਰਥੀਆਂ ਤੇ ਲਾਈ ਜਾਂਦੀ ਪਾਬੰਦੀ ਨੂੰ ਹਟਾਏ ਜਾਣ ਸਬੰਧੀ ਬੇਨਤੀ।

ਸ਼੍ਰੀਮਾਨ/ਸ਼੍ਰੀਮਤੀ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਨਿਮਰਤਾ ਸਹਿਤ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਕਾਨੂੰਨੀ ਵਿਵਸਥਾਵਾਂ**

1. 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ, 2008' (The Punjab Learning of Punjabi and other Languages Act 2008) ਦੀ ਧਾਰਾ 3 ਅਨੁਸਾਰ ਪੰਜਾਬ ਰਾਜ ਵਿਚ ਸਥਿਤ ਹਰ ਸਕੂਲ ਨੂੰ ( ਭਾਵੇਂ ਉਹ ਕਿਸੇ ਵੀ ਬੋਰਡ ਨਾਲ ਸਬੰਧਤ ਹੋਵੇ) ਆਪਣੇ ਵਿਦਿਆਰਥੀਆਂ ਨੂੰ ਦਸਵੀਂ ਜਮਾਤ ਤੱਕ ਪੰਜਾਬੀ ਭਾਸ਼ਾ ਦੀ ਪੜ੍ਹਾਈ ਕਰਾਉਣਾ ਲਾਜ਼ਮੀ ਹੈ। ਇਸੇ ਵਿਵਸਥਾ ਅਨੁਸਾਰ ਜਿੰਨਾ ਚਿਰ ਵਿਦਿਆਰਥੀ ਇਹ ਪ੍ਰੀਖਿਆ ਪਾਸ ਨਹੀਂ ਕਰ ਲੈਂਦਾ ਉਨਾ ਚਿਰ ਪ੍ਰੀਖਿਆ ਲੈਣ ਵਾਲਾ ਬੋਰਡ, ਵਿਦਿਆਰਥੀ ਨੂੰ 'ਦਸਵੀਂ ਪਾਸ' ਕਰਨ ਦਾ ਸਰਟੀਫਿਕੇਟ ਜਾਰੀ ਨਹੀਂ ਕਰ ਸਕਦਾ। ਇਸੇ ਐਕਟ ਦੀ ਧਾਰਾ 8, ਇਸ ਵਿਵਸਥਾ ਦੀ ਪਾਲਣਾ ਨਾ ਕਰਨ ਵਾਲੇ ਕਸੂਰਵਾਰ ਸਕੂਲਾਂ ਨੂੰ ਜੁਰਮਾਨੇ ਕਰਨ ਅਤੇ ਅਖੀਰ ਵਿਚ ਸਕੂਲ ਦੀ ਮਾਨਤਾ ਤੱਕ ਰੱਦ ਕਰਨ ਤੱਕ ਦੀ ਸਜ਼ਾ ਦੇਣ ਦੀ ਵਿਵਸਥਾ ਕਰਦੀ ਹੈ।
2. ਆਪ ਜੀ ਦੇ ਧਿਆਨ ਵਿਚ ਹੀ ਹੈ ਕਿ 'ਪੰਜਾਬੀ ਪੜ੍ਹਾਉਣ' ਤੋਂ ਭਾਵ ਵਿਦਿਆਰਥੀ ਨੂੰ ਪੰਜਾਬੀ ਪੜ੍ਹਨੀ, ਲਿਖਣੀ **ਅਤੇ ਬੋਲਣੀ ਸਿਖਾਉਣ** ਤੋਂ ਹੈ।

**3. ਭਾਗ ਅ- ਤੱਥ**

ਪੰਜਾਬ ਵਿਚ ਸਥਿਤ ਬਹੁਤੇ ਪ੍ਰਾਈਵੇਟ ਸਕੂਲਾਂ (ਖਾਸ ਕਰ ਸੀ.ਬੀ.ਐਸ.ਈ. ਅਤੇ ਆਈ.ਸੀ.ਐਸ.ਈ. ਨਾਲ ਸਬੰਧਤ) ਨੇ ਆਪਣੇ-ਆਪਣੇ ਸਕੂਲਾਂ ਵਿਚ ਸਿੱਖਿਆ ਦਾ ਮਾਧਿਅਮ ਅੰਗਰੇਜ਼ੀ ਰੱਖਿਆ ਹੋਇਆ ਹੈ। (ਸਕੂਲਾਂ ਦੀ ਇਸ ਵਿਵਸਥਾ ਤੇ ਸਾਡੀ ਸੰਸਥਾ ਨੂੰ ਕੋਈ ਇਤਰਾਜ਼ ਨਹੀਂ ਹੈ)। ਪਰ ਅੰਗਰੇਜ਼ੀ ਪ੍ਰਤੀ ਆਪਣੀ ਭਗਤੀ ਦਾ ਦਿਖਾਵਾ ਕਰਨ ਲਈ ਇਹ ਸਕੂਲ ਬੱਚਿਆਂ ਨੂੰ ਪੰਜਾਬੀ ਬੋਲਣ ਤੋਂ ਰੋਕਦੇ ਹਨ। ਸਕੂਲ ਦੇ ਇਸ ਹੁਕਮ ਦੀ ਉਲੰਘਣਾ ਕਰਨ ਵਾਲੇ ਵਿਦਿਆਰਥੀ ਨੂੰ ਜੁਰਮਾਨੇ ਕਰਦੇ ਹਨ। ਪ੍ਰਾਈਵੇਟ ਸਕੂਲਾਂ ਦੇ ਇਹ ਨਿਰਦੇਸ਼, ਉਕਤ ਕਾਨੂੰਨੀ ਵਿਵਸਥਾਵਾਂ ਦੀ ਉਲੰਘਣਾ ਹੋਣ ਕਾਰਨ, ਗੈਰ-ਕਾਨੂੰਨੀ ਹਨ। ਬੱਚਿਆਂ ਦੇ ਪੰਜਾਬੀ ਬੋਲਣ ਤੇ ਲਾਈ ਜਾਂਦੀ ਪਾਬੰਦੀ ਬੱਚਿਆਂ ਦੇ ਮੁੱਢਲੇ ਮਨੁੱਖੀ ਅਧਿਕਾਰਾਂ ਦਾ ਹਨਨ ਹੈ।

4. ਪ੍ਰਾਈਵੇਟ ਸਕੂਲਾਂ ਵੱਲੋਂ ਪੰਜਾਬੀ ਭਾਸ਼ਾ ਨਾਲ ਕੀਤੀ ਜਾ ਰਹੀ ਇਸ ਵਧੀਕੀ ਵਿਰੁੱਧ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਸਰਗਰਮ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਨਤੀਜਨ ਪੰਜਾਬ ਸਰਕਾਰ ਦੀ ਹਦਾਇਤ ਤੇ ਆਪ ਵੱਲੋਂ ਮਿਤੀ 26.03.2018 ਨੂੰ ਹੁਕਮ ਜਾਰੀ ਕਰਕੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ, ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਨੂੰ ਸਖਤੀ ਨਾਲ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ। ਹੁਕਮ ਦੀ ਸਬੰਧਤ ਇਬਾਰਤ ਹੇਠ ਲਿਖੇ ਅਨੁਸਾਰ ਹੈ:

"ਸਰਕਾਰ ਦੇ ਧਿਆਨ ਵਿਚ ਆਇਆ ਹੈ ਕਿ ਰਾਜ ਦੇ ਬਹੁਤ ਸਾਰੇ ਗੈਰ-ਸਰਕਾਰੀ ਸਕੂਲ ਵਿਸ਼ੇਸ਼ ਤੌਰ ਤੇ ਜਿਹੜੇ ਸੀ.ਬੀ.ਐਸ.ਈ./ ਆਈ.ਸੀ.ਐਸ.ਈ. ਬੋਰਡ ਨਾਲ ਸਬੰਧਤ ਹਨ, ਵੱਲੋਂ ਅਜੇ ਤੱਕ ਵੀ ਪਹਿਲੀ ਤੋਂ ਦਸਵੀਂ ਸ਼੍ਰੇਣੀ ਤੱਕ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਵਿਸ਼ੇ ਵਜੋਂ ਨਹੀਂ ਕਰਵਾਈ ਜਾ ਰਹੀ।

ਇਹ ਵੀ ਧਿਆਨ ਵਿਚ ਆਇਆ ਹੈ ਕਿ ਕਈ ਗੈਰ-ਸਰਕਾਰੀ ਸਕੂਲਾਂ ਨੇ, ਸਕੂਲਾਂ ਦੇ ਅੰਦਰ ਪੰਜਾਬੀ ਬੋਲਣ ਤੇ ਪਾਬੰਦੀਆਂ ਲਗਾਈਆਂ ਹੋਈਆਂ ਹਨ ਅਤੇ ਵਿਦਿਆਰਥੀਆਂ ਦੇ ਉਲੰਘਣਾ ਕਰਨ ਤੇ ਸਜ਼ਾਵਾਂ ਵੀ ਦਿੱਤੀਆਂ ਜਾਂਦੀਆਂ ਹਨ।

ਇਹ ਨਾ ਸਿਰਫ ਗੈਰ ਕਾਨੂੰਨੀ ਹੈ ਬਲਕਿ ਪੰਜਾਬੀ ਭਾਸ਼ਾ ਦੇ ਅਧਾਰ ਤੇ ਗਠਿਤ ਸੂਬੇ ਵਿਚ ਅਜਿਹਾ ਹੋਣਾ ਰਾਜ ਦੇ ਲੋਕਾਂ ਦੀ ਮਾਂ ਬੋਲੀ ਦਾ ਨਿਰਾਦਰ ਹੈ ਅਤੇ ਅਜਿਹਾ ਅਮਲ ਬੱਚਿਆਂ ਦੇ ਮੌਲਿਕ ਅਧਿਕਾਰਾਂ ਦੀ ਵੀ ਉਲੰਘਣਾ ਹੈ।

***ਇਹ ਸਿਲਸਿਲਾ ਬੰਦ ਕਰਵਾਉਣ ਲਈ ਪ੍ਰਭਾਵੀ ਕਦਮ ਚੁੱਕੇ ਜਾਣ ਅਤੇ ਐਕਟ ਸਬੰਧੀ ਧਾਰਾਵਾਂ ਦੀ ਇੰਨ-ਬਿੰਨ ਪਾਲਣਾ ਕਰਵਾਉਣੀ ਯਕੀਨੀ ਬਣਾਈ ਜਾਵੇ, ਪ੍ਰੰਤੂ ਜੇਕਰ ਕੋਈ ਵੀ ਉਲੰਘਣਾ ਦਾ ਕੇਸ ਧਿਆਨ ਵਿਚ ਆਉਂਦਾ ਹੈ ਤਾਂ ਉਸ ਦੀ ਪੜਤਾਲ ਕਰਕੇ ਰਿਪੋਰਟ ਇਸ ਦਫ਼ਤਰ ਨੂੰ ਕਾਰਵਾਈ ਲਈ ਭੇਜੀ ਜਾਵੇ।"***

5. ਉਕਤ ਕਾਨੂੰਨ ਅਤੇ ਆਪ ਜੀ ਵੱਲੋਂ ਜਾਰੀ ਕੀਤੇ ਹੁਕਮ ਮਿਤੀ 26.03.2018 ਅਨੁਸਾਰ, ਪ੍ਰਾਈਵੇਟ ਸਕੂਲਾਂ ਵਿਚ ਪੰਜਾਬੀ ਦੀ 10ਵੀਂ ਜਮਾਤ ਤੱਕ ਪੜ੍ਹਾਈ ਨਾ ਕਰਾਏ ਜਾਣਾ, ਪੰਜਾਬੀ ਦੀ ਥਾਂ ਕਿਸੇ ਹੋਰ ਭਾਸ਼ਾ ਨੂੰ ਪੜ੍ਹਾਉਣਾ, ਬਿਨ੍ਹਾਂ 10ਵੀਂ ਜਮਾਤ ਦਾ ਇਮਤਿਹਾਨ ਪਾਸ ਕਰਵਾਏ ਸਬੰਧਤ ਬੋਰਡ ਕੋਲੋਂ 10ਵੀਂ ਜਮਾਤ ਪਾਸ ਦਾ ਸਰਟੀਫਿਕੇਟ ਦਿਵਾਉਣਾ, ਬੱਚਿਆਂ ਤੇ ਪੰਜਾਬੀ ਬੋਲਣ ਤੇ ਪਾਬੰਦੀ ਲਾਉਣਾ, ਗੈਰ-ਕਾਨੂੰਨੀ ਹੈ।

6. ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪਸਾਰ ਦੀਆਂ ਸੰਭਾਵਨਾਵਾਂ ਤਾਂ ਹੀ ਬਣ ਸਕਦੀਆਂ ਹਨ ਜੇ ਲੰਬੇ ਸੰਘਰਸ਼ਾਂ ਬਾਅਦ ਹੋਂਦ ਵਿਚ ਆਈਆਂ ਇਹ ਕਾਨੂੰਨੀ ਵਿਵਸਥਾਵਾਂ ਅਤੇ ਸਰਕਾਰ ਦੇ ਹੁਕਮ ਇੰਨ-ਬਿੰਨ ਲਾਗੂ ਹੋਣ।

7. ਆਪ ਜੀ ਦੀਆਂ ਪ੍ਰਸ਼ਾਸਨਿਕ ਅਤੇ ਯਥਾਰਥਿਕ ਸਮੱਸਿਆਵਾਂ/ਮਜਬੂਰੀਆਂ ਨੂੰ ਸਮਝਦੇ ਹੋਏ, ਮਾਂ ਬੋਲੀ ਪੰਜਾਬੀ ਨੂੰ ਸਹੀ ਅਰਥਾਂ ਵਿਚ ਰਾਜ ਭਾਸ਼ਾ ਦਾ ਦਰਜਾ ਦਿਵਾਉਣ ਲਈ ਯਤਨਸ਼ੀਲ ਅਤੇ ਸਰਗਰਮ ਸੰਸਥਾ 'ਪੰਜਾਬੀ ਭਾਸ਼ਾ ਪਸਾਰ ਭਾਈਚਾਰਾ' ਨੇ, ਇਸ ਕਾਰਜ ਲਈ ਆਪ ਜੀ ਦੇ ਵਿਭਾਗ ਦੀ ਸਹਾਇਤਾ ਲਈ ਜ਼ਿਲ੍ਹਾ ਅਤੇ ਤਹਿਸੀਲ ਪੱਧਰ ਤੇ 'ਸਹਾਇਕ ਇਕਾਈਆਂ' ਗਠਿਤ ਕੀਤੀਆਂ ਹਨ। ਇਹਨਾਂ ਇਕਾਈਆਂ ਦੇ ਕਾਰਜ ਹੇਠ ਲਿਖੇ ਹਨ।

(ੳ) ਇਹ ਇਕਾਈਆਂ ਲਗਾਤਾਰ ਆਪ ਜੀ ਦੇ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੇ ਸੰਪਰਕ ਵਿਚ ਰਹਿਣਗੀਆਂ। ਤੁਹਾਡਾ ਵਿਭਾਗ ਇਹਨਾਂ ਤੋਂ ਹਰ ਲੋੜੀਂਦੀ ਸਹਾਇਤਾ ਲੈ ਸਕਦਾ ਹੈ।

(ਅ) ਇਹ ਇਕਾਈਆਂ ਤੁਹਾਨੂੰ ਉਹਨਾਂ ਪ੍ਰਾਈਵੇਟ ਸਕੂਲਾਂ ਬਾਰੇ ਸੂਚਿਤ ਕਰਨਗੀਆਂ ਜਿਹਨਾਂ ਵਿਚ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਅਤੇ ਡੀ.ਪੀ.ਆਈ. ਦੇ ਹੁਕਮ ਮਿਤੀ 25.03.2018 ਦੀ ਉਲੰਘਣਾ ਹੋ ਰਹੀ ਹੋਵੇਗੀ।


ਸੰਪਰਕ/Contact : punjabibpbhaichara@gmail.com

# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

## (Punjabi Bhasha Pasaar Bhaichara)

**ਭਾਗ ੲ- ਬੇਨਤੀ**

8. 'ਪੰਜਾਬੀ ਭਾਸ਼ਾ ਪਸਾਰ ਭਾਈਚਾਰਾ' ਆਪ ਜੀ ਨੂੰ ਬੇਨਤੀ ਕਰਦਾ ਹੈ ਕਿ:

(ੳ) ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਲਈ ਆਪ ਅਤੇ ਆਪ ਜੀ ਦੇ ਵਿਭਾਗ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਆਪਣੇ ਕਾਨੂੰਨੀ ਅਤੇ ਇਖ਼ਲਾਕੀ ਫ਼ਰਜ਼ ਤਨਦੇਹੀ ਨਾਲ ਨਿਭਾਉਣ।

(ਅ) ਜ਼ਿਲ੍ਹਾ ਸਿੱਖਿਆ ਅਫ਼ਸਰ ਲਗਾਤਾਰ ਪ੍ਰਾਈਵੇਟ ਸਕੂਲਾਂ ਦਾ ਨਿਰੀਖਣ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਉਹਨਾਂ ਵਿਚ ਇਸ ਕਾਨੂੰਨ ਦੀਆਂ ਵਿਵਸਥਾਵਾਂ ਇੰਨ-ਬਿੰਨ ਲਾਗੂ ਹੋ ਰਹੀਆਂ ਹਨ।

(ੲ) ਕਸੂਰਵਾਰ ਸਕੂਲ ਨੂੰ ਇਸ ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਜੁਰਮਾਨੇ ਕੀਤੇ ਜਾਣ ਅਤੇ ਲੋੜ ਪੈਣ ਤੇ ਸਕੂਲ ਦੀ ਮਾਨਤਾ ਰੱਦ ਕੀਤੀ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦਾ ਹਿਤੂ

ਮਿੱਤਰ ਸੈਨ ਮੀਤ

ਮਿੱਤਰ ਸੈਨ ਮੀਤ
ਸਹਾਇਕ ਸੰਚਾਲਕ(ਕਾਨੂੰਨ)

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
3. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   sk.sandhu87@ias.gov.in , pshe@punjab.gov.in;
4. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
   vk.meena97@ias.gov.in
5. ਪੰਜਾਬ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ।

ਸੰਪਰਕ/Contact : punjabibpbhaichara@gmail.com